# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 11-08-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਦੇ ਬਾਬਾ ਖੜਕ ਸਿੰਘ ਮਾਰਗ 'ਤੇ ਸੰਸਦ ਮੈਂਬਰਾਂ ਲਈ 184 ਨਵੇਂ ਬਣੇ ਟਾਈਪ-7 ਬਹੁ-ਮੰਜ਼ਿਲਾ ਫਲੈਟਾਂ ਦਾ ਉਦਘਾਟਨ ਕੀਤਾ। ਇਸ ਮੌਕੇ 'ਤੇ ਬੋਲਦਿਆਂ, ਸ਼੍ਰੀ ਮੋਦੀ ਨੇ ਕਿਹਾ ਕਿ 21ਵੀਂ ਸਦੀ ਦਾ ਭਾਰਤ ਆਪਣੀਆਂ ਜ਼ਿੰਮੇਵਾਰੀਆਂ ਪ੍ਰਤੀ ਸੰਵੇਦਨਸ਼ੀਲ ਏ ਅਤੇ ਵਿਕਾਸ ਦੀ ਇੱਛਾ ਰੱਖਦਾ ਏ । ਉਨ੍ਹਾਂ ਕਿਹਾ ਕਿ 2014 ਤੋਂ ਲੈ ਕੇ ਹੁਣ ਤੱਕ ਸੰਸਦ ਮੈਂਬਰਾਂ ਲਈ ਲਗਭਗ 350 ਨਵੇਂ ਫਲੈਟ ਬਣਾਏ ਗਏ ਨੇ । ਪ੍ਰਧਾਨ ਮੰਤਰੀ ਨੇ ਹੋਏ ਵਿਕਾਸ ਕਾਰਜਾਂ ਬਾਰੇ ਕਿਹਾ : BYTE

---

ਵਿਰੋਧੀ ਪਾਰਟੀਆਂ ਵੱਲੋਂ ਵੱਖ-ਵੱਖ ਮੁੱਦਿਆਂ 'ਤੇ ਹੰਗਾਮੇ ਤੋਂ ਬਾਅਦ ਸੰਸਦ ਦੇ ਦੋਵੇਂ ਸਦਨਾਂ ਦੀ ਕਾਰਵਾਈ ਨੂੰ ਦੁਪਹਿਰ 2 ਵਜੇ ਤੱਕ ਮੁਲਤਵੀ ਕਰ ਦਿੱਤੀ ਗਈ । ਸਵੇਰੇ 11 ਵਜੇ ਰਾਜ ਸਭਾ ਦੀ ਕਾਰਵਾਈ ਸ਼ੁਰੂ ਹੋਈ ਤਾ ਉਪ ਸਭਾਪਤੀ ਹਰੀਵੰਸ਼ ਨੇ ਸਿਫ਼ਰ ਕਾਲ ਚਲਾਉਣ ਦੀ ਕੋਸ਼ਿਸ਼

ਕੀਤੀ, ਤਾਂ ਵਿਰੋਧੀ ਮੈਂਬਰਾਂ ਨੇ ਬਿਹਾਰ ਵਿੱਚ ਵੋਟਰ ਸੂਚੀ ਦੇ ਵਿਸ਼ੇਸ਼ ਤੀਬਰ ਸੋਧ ਅਤੇ ਹੋਰ ਮਾਮਲਿਆਂ ਦਾ ਮੁੱਦਾ ਉਠਾਇਆ। ਹੰਗਾਮਾ ਜਾਰੀ ਰਹਿਣ ਕਾਰਨ ਉਪ ਸਭਾਪਤੀ ਨੇ ਸਦਨ ਦੀ ਕਾਰਵਾਈ ਨੂੰ ਦੁਪਹਿਰ 2 ਵਜੇ ਤੱਕ ਮੁਲਤਵੀ ਕਰ ਦਿੱਤਾ। ਓਧਰ ਲੋਕ ਸਭਾ ਵਿੱਚ ਵੀ ਵਿਰੋਧੀ ਪਾਰਟੀਆਂ ਨੇ ਵਿਸ਼ੇਸ਼ ਤੀਬਰ ਸੋਧ ਦੇ ਮੁੱਦੇ 'ਤੇ ਚਰਚਾ ਦੀ ਮੰਗ ਕਰਦੇ ਹੋਏ ਵਿਰੋਧ ਪ੍ਰਦਰਸ਼ਨ ਸ਼ੁਰੂ ਕਰ ਦਿੱਤਾ। ਸਪੀਕਰ ਨੇ ਸਦਨ ਦੀ ਕਾਰਵਾਈ ਦੁਪਹਿਰ 2 ਵਜੇ ਤੱਕ ਮੁਲਤਵੀ ਕਰ ਦਿੱਤੀ ।

---------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਭਰ ਵਿੱਚ ਵੱਡੇ ਪੱਧਰ ‘ਤੇ ਵਿਕਾਸ ਕਾਰਜ ਚੱਲ ਰਹੇ ਨੇ ਅਤੇ ਪੰਜਾਬ ਹਰ ਖੇਤਰ ਵਿੱਚ ਬੇਮਿਸਾਲ ਵਿਕਾਸ ਦਾ ਗਵਾਹ ਬਣ ਰਿਹਾ ਏ । ਦਿੜ੍ਹਬਾ ਵਿਧਾਨ ਸਭਾ ਹਲਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜਾ ਲੈਣ ਲਈ ਪਹੁੰਚੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ‘ਤੇ ਕੰਮ ਜਲਦ ਹੀ ਪੂਰਾ ਹੋ ਜਾਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਖੇਤੀ ਅਤੇ ਕਿਸਾਨ ਹਮੇਸ਼ਾ ਹੀ ਉਨ੍ਹਾਂ ਦੀ ਸਰਕਾਰ ਦੀ ਪਹਿਲੀ ਤਰਜੀਹ ਰਹੇ ਨੇ ਅਤੇ ਖੇਤੀਬਾੜੀ ਨੂੰ ਲਾਭਦਾਇਕ ਧੰਦਾ ਬਣਾਉਣ ਲਈ ਨਿਰੰਤਰ ਯਤਨ ਕੀਤੇ ਜਾ ਰਹੇ ਨੇ । ਉਨ੍ਹਾਂ ਪਿੰਡ ਦੇ ਵਿਕਾਸ ਨੂੰ ਹੋਰ ਹੁਲਾਰਾ ਦੇਣ ਲਈ ਪਿੰਡ ਦੀ ਪੰਚਾਇਤ ਨੂੰ 1 ਕਰੋੜ 76

ਲਖ ਰੁਪਏ ਦਾ ਚੈੱਕ ਵੀ ਸੌਂਪਿਆ।

-----------------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਫ਼ਿਲੈਂਥਰਪੀ ਕਲੱਬ ਦੇ ਸਹਿਯੋਗ ਨਾਲ ਲੁਧਿਆਣਾ ਦੇ ਲਾਰਡ ਮਹਾਵੀਰ ਸਿਵਲ ਹਸਪਤਾਲ ਵਿੱਚ ਆਧੁਨਿਕ ਥੈਲਸੀਮੀਆ ਵਾਰਡ ਦੀ ਸ਼ੁਰੂਆਤ ਕੀਤੀ । ਇਹ ਵਾਰਡ ਲੁਧਿਆਣਾ ਅਤੇ ਆਲੇ-ਦੁਆਲੇ ਦੇ ਜ਼ਿਲ੍ਹਿਆਂ ਦੇ ਸੈਂਕੜੇ ਮਰੀਜ਼ਾਂ ਨੂੰ ਨਿਯਮਿਤ ਖ਼ੂਨ ਚੜ੍ਹਾਉਣ, ਵਿਸ਼ੇਸ਼ ਕੌਂਸਲਿੰਗ ਅਤੇ ਆਧੁਨਿਕ ਇਲਾਜ ਦੀ ਸਹੂਲਤ ਪ੍ਰਦਾਨ ਕਰੇਗਾ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਕਈ ਦੇਸ਼ਾਂ ਵਿੱਚ ਥੈਲਸੀਮੀਆ ਪੂਰੀ ਤਰ੍ਹਾਂ ਖਤਮ ਕੀਤਾ ਜਾ ਚੁੱਕਾ ਏ ਅਤੇ ਪੰਜਾਬ ਵੀ ਇਸੇ ਮੰਜ਼ਿਲ ਵੱਲ ਵਧ ਰਿਹਾ ਹੈ। ਇਸ ਮਿਸ਼ਨ ਤਹਿਤ ਫੰਡ ਪ੍ਰਾਪਤ ਕਰਕੇ ਬੋਨ ਮੈਰੋ ਟ੍ਰਾਂਸਪਲਾਂਟ ਸੇਵਾਵਾਂ ਸ਼ੁਰੂ ਕੀਤੀਆਂ ਗਈਆਂ ਨੇ ਅਤੇ ਪੰਜਾਬ ਸਰਕਾਰ ਵੱਲੋਂ ਥੈਲਸੀਮੀਆ ਮਰੀਜ਼ਾਂ ਦੇ ਮੁਫ਼ਤ ਆਪਰੇਸ਼ਨ ਕੀਤੇ ਜਾ ਰਹੇ ਨੇ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਆਧੁਨਿਕ ਸਿਹਤ ਢਾਂਚੇ, ਮਾਹਿਰ ਮੈਡੀਕਲ ਟੀਮਾਂ ਅਤੇ ਮਰੀਜ਼ ਸਹਾਇਤਾ ਸੇਵਾਵਾਂ ਵਿੱਚ ਨਿਰੰਤਰ ਨਿਵੇਸ਼ ਕਰਦੀ ਰਹੇਗੀ ਤਾਂ ਜੋ ਸਭ ਤੋਂ ਵਧੀਆ ਨਤੀਜੇ ਮਿਲ ਸਕਣ।

-----------------------------------------------------------

ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਜਨਰਲ ਸਕੱਤਰ ਤਰੁਣ ਚੁੱਘ ਨੇ

ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ-ਅੰਮ੍ਰਿਤਸਰ ਸਮੇਤ ਤਿੰਨ ਨਵੀਆਂ ਵੰਦੇ ਭਾਰਤ ਰੇਲਗੱਡੀਆਂ ਸ਼ੁਰੂ ਕਰਨ ਦਾ ਸਵਾਗਤ ਕੀਤਾ ਏ । ਉਨ੍ਹਾਂ ਕਿਹਾ ਕਿ ਇਹ ਸੇਵਾਵਾਂ ਦੇਸ਼ ਦੇ ਵੱਖ-ਵੱਖ ਖੇਤਰਾਂ ਵਿੱਚ ਤੇਜ਼, ਆਧੁਨਿਕ ਅਤੇ ਸੁਰੱਖਿਅਤ ਰੇਲ ਸੰਪਰਕ ਨੂੰ ਇੱਕ ਨਵੀਂ ਪ੍ਰੇਰਣਾ ਦੇਣਗੀਆਂ। ਉਨ੍ਹਾਂ ਕਿਹਾ ਕਿ ਵੰਦੇ ਭਾਰਤ ਰੇਲਗੱਡੀਆਂ ਹੁਣ ਭਾਰਤ ਦੇ ਵਿਕਾਸ, ਸਹੂਲਤ ਅਤੇ ਸੱਭਿਆਚਾਰਕ ਸੰਪਰਕ ਦੀ ਪਛਾਣ ਬਣ ਗਈਆਂ ਨੇ । ਸ੍ਰੀ ਚੁਘ ਨੇ ਕਿਹਾ ਕਿ ਕਟੜਾ-ਅੰਮ੍ਰਿਤਸਰ ਵੰਦੇ ਭਾਰਤ ਰੇਲਗੱਡੀ ਸ਼ਰਧਾਲੂਆਂ ਅਤੇ ਸੈਲਾਨੀਆਂ ਨੂੰ ਸ੍ਰੀ ਹਰਿਮੰਦਰ ਸਾਹਿਬ, ਦੁਰਗਿਆਣਾ ਮੰਦਰ, ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਅਤੇ ਵਾਹਗਾ ਸਰਹੱਦ ਵਰਗੇ ਪਵਿੱਤਰ ਅਤੇ ਇਤਿਹਾਸਕ ਸਥਾਨਾਂ ਤੱਕ ਤੇਜ਼ ਅਤੇ ਆਰਾਮਦਾਇਕ ਪਹੁੰਚ ਪ੍ਰਦਾਨ ਕਰੇਗੀ । ਉਨ੍ਹਾਂ ਕਿਹਾ ਕਿ ਇਹ ਨਾ ਸਿਰਫ਼ ਧਾਰਮਿਕ ਸੈਰ-ਸਪਾਟੇ ਨੂੰ ਉਤਸ਼ਾਹਿਤ ਕਰੇਗੀ ।

---------------------------------------------------------

ਆਈ.ਟੀ.ਆਈ ਨੰਗਲ ਨੇ ਭਾਰਤ ਸਰਕਾਰ ਦੀ ਉਦਯੋਗਿਕ ਇਕਾਈ ਐੱਨ.ਐੱਫ.ਐੱਲ ਨਾਲ ਇੱਕ ਸਮਝੌਤੇ ਤੇ ਦਸਤਖ਼ਤ ਕੀਤੇ ਨੇ । ਡਿਊਲ ਸਿਸਟਮ ਆਫ ਟਰੇਨਿੰਗ ਸਕੀਮ’ ਕੀਤੇ ਗਏ ਇਸ ਸਮਝੌਤੇ ਤਹਿਤ ਆਈ.ਟੀ.ਆਈ ਨੰਗਲ ਵਿੱਚ ਇਸ ਦਾਖਲਾ ਸੈਸ਼ਨ ਤੋਂ ਸ਼ੁਰੂ ਕੀਤੀ ਗਈ ਨਵੀਂ ਟਰੇਡ ‘ਅਟੈਂਡੈਂਟ ਅਪਰੇਟਰ ਕੈਮੀਕਲ ਪਲਾਂਟ’ ਦੇ

ਸਿੱਖਿਆਰਥੀਆਂ ਸਮੇਤ ਵੱਖ ਵੱਖ ਟਰੇਡਾ ਦੇ ਸਿੱਖਿਆਰਥੀਆਂ ਨੂੰ ਕਿੱਤਾ ਮੁੱਖੀ ਸਿੱਖਿਆਂ ਦਿੱਤੀ ਜਾਵੇਗੀ । ਐੱਨ.ਐੱਫ.ਐੱਲ ਨਵਾਂ ਨੰਗਲ ਇਕਾਈ ਮੁੱਖੀ ਐੱਨ.ਐੱਨ. ਗੋਇਲ ਦੀ ਅਗਵਾਈ ਵਿੱਚ ਕੀਤੇ ਗਏ ਸਮਝੌਤੇ ਉਪਰ ਆਈ ਟੀ ਆਈ ਨੰਗਲ ਦੇ ਪ੍ਰਿੰਸੀਪਲ ਗੁਰਨਾਮ ਸਿੰਘ ਭੱਲੜੀ ਅਤੇ ਮੁਖ ਜਰਨਲ ਪ੍ਰਬੰਧਕ ਸੰਜੈ ਕੁਮਾਰ ਸ਼ਰਮਾ ਵਲੋਂ ਦਸਤਖ਼ਤ ਕੀਤੇ ਗਏ। ਇਸ ਤਹਿਤ ਫਿਟਰ,ਵੈਲ਼ਡਰ,ਇਲੈਕਟ੍ਰੀਸ਼ਨ, ਮਕੈਨਿਕ ਮੋਟਰ ,ਕਾਰਪੇਂਟਰ, ਤੇ ਪਲੰਬਰ ਜਿਹੇ ਟਰੇਡਾਂ ਵਿੱਚ ਪਰੈਕਟੀਕਲ ਸਿਖਲਾਈ ਦਿੱਤੀ ਜਾਵੇਗੀ ।

------------------------------------------------------------

ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਅੱਜ ਰੂਪਨਗਰ ਵਿਖੇ ਆਈ ਆਈ ਟੀ ਵਿਚ ਵੱਖ-ਵੱਖ ਬਲਾਕਾਂ ਦੇ ਜੇਤੂ ਸਕੂਲਾਂ ਦੇ ਮਹਾਂ ਮੁਕਾਬਲੇ ਕਰਵਾਏ ਗਏ । ਯੁੱਧ ਨਸ਼ਿਆਂ ਵਿਰੁੱਧ ਮਹਾਂ ਨਾਟਕ ਮੁਕਾਬਲੇ ਰਾਹੀਂ ਰੂਪਨਗਰ ਜ਼ਿਲ੍ਹੇ ਦੇ 50 ਹਜ਼ਾਰ ਤੋਂ ਵੱਧ ਵਿਦਿਆਰਥੀਆਂ ਨੂੰ ਨਸ਼ਿਆਂ ਵਿਰੁੱਧ ਮੁਹਿੰਮ ਨਾਲ ਜੋੜਿਆ ਗਿਆ ਏ ਅਤੇ ਯੁੱਧ ਨਸ਼ਿਆਂ ਵਿਰੁੱਧ ਵਿਸ਼ੇ ‘ਤੇ ਨਾਟਕਾਂ ਰਾਹੀਂ ਪੰਜਾਬ ਦੇ ਹੋਰ ਜ਼ਿਲ੍ਹਿਆਂ ਦੇ ਵਿਦਿਆਰਥੀਆਂ ਨੂੰ ਵੀ ਮੁਹਿੰਮ ਨਾਲ ਜੋੜਿਆ ਜਾਵੇਗਾ। ਸਕੂਲ ਆਫ ਐਮੀਂਨਸ ਮੋਰਿੰਡਾ ਦੀ ਟੀਮ ਪਹਿਲੇ ਅਤੇ ਫੂਲਪੁਰ ਗਰੇਵਾਲ ਤੇ ਘਨੌਲੀ ਦੀ ਟੀਮਾਂ ਦੂਜੇ

ਡੱਲਾ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਝੱਜ ਦੀ ਟੀਮ ਤੀਜੇ ਸਥਾਨ ‘ਤੇ ਰਹੀ ।

---------------------------------------------------------------

ਸੱਭਿਆਚਾਰਕ ਵਿਰਾਸਤ ਅਤੇ ਲੋਕ ਰਿਵਾਇਤਾਂ ਨੂੰ ਸੰਭਾਲਣ ਅਤੇ ਨਵੀਂ ਪੀੜੀ ਤੱਕ ਪਹੁੰਚਾਉਣ ਲਈ ਕੋਟਕਪੂਰਾ ਸ਼ਹਿਰ ਵਿੱਚ “ਮੇਲਾ ਤੀਆਂ ਦਾ” ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੇਲੇ ਵਿੱਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਪੀਕਰ ਨੇ ਕਿਹਾ ਕਿ ਤੀਆਂ ਦਾ ਤਿਓਹਾਰ ਸਾਨੂੰ ਸਿਰਫ਼ ਖੁਸ਼ੀਆਂ ਹੀ ਨਹੀਂ ਬਖ਼ਸ਼ਦਾ, ਸਗੋਂ ਸਾਡੀ ਮਿੱਟੀ ਦੀ ਮਹਿਕ, ਸੱਭਿਆਚਾਰਕ ਰੰਗਤ ਅਤੇ ਅਜੋਕੇ ਸਮੇਂ ਵਿੱਚ ਭੁੱਲੇ-ਵਿੱਸਰੇ ਲੋਕ ਰਿਵਾਜਾਂ ਨਾਲ ਵੀ ਜੋੜਦਾ ਏ । ਉਨ੍ਹਾਂ ਕਿਹਾ ਕਿ ਪੰਜਾਬੀ ਵਿਰਾਸਤ ਦੀ ਸੰਭਾਲ ਲਈ ਅਜਿਹੇ ਮੇਲੇ ਅਤੇ ਤਿਓਹਾਰ ਬਹੁਤ ਜ਼ਰੂਰੀ ਨੇ  ਤਾਂ ਜੋ ਨਵੀਂ ਪੀੜੀ ਆਪਣੇ ਰਿਵਾਇਤੀ ਪਹਿਰਾਵੇ, ਗੀਤ-ਸੰਗੀਤ ਅਤੇ ਰਸਮਾਂ ਨਾਲ ਜਾਣ-ਪਛਾਣ ਬਣਾਈ ਰੱਖੇ।

---------------------------------------------------------------

ਪਠਾਨਕੋਟ-ਜਲੰਧਰ ਕੌਮੀ ਸ਼ਾਹਰਾਹ 'ਤੇ ਅੱਜ ਦਮਤਾਲ ਪਹਾੜੀਆਂ ਵਿੱਚ ਜ਼ਮੀਨ ਖਿਸਕਣ ਕਾਰਨ, ਇੱਕ ਸਕੂਲ ਬੱਸ ਅਤੇ ਮੋਟਰਸਾਈਕਲ

ਨਾਲ ਹਾਦਸਾ ਵਾਪਰਿਆ ।ਸਾਡੇ ਪਤਰਕਾਰ ਨੇ ਦਸਿਆ ਕਿ ਇਕ ਵੱਡਾ ਪੱਥਰ ਵਾਹਨਾਂ ਤੇ ਡਿੱਗਣ ਕਾਰਨ ਮੋਟਰਸਾਈਕਲ ਸਵਾਰ ਦੋ ਵਿਅਕਤੀ ਜ਼ਖਮੀ ਹੋ ਗਏ ਜਿਨ੍ਹਾਂ ਨੂੰ ਗੰਭੀਰ ਜ਼ਖਮੀ ਹਾਲਤ ਵਿੱਚ ਨਿੱਜੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ। ਸਕੂਲ ਬੱਸ ਵੀ ਨੁਕਸਾਨੀ ਗਈ ਹਾਲਾਂਕਿ ਬੱਚੇ ਸੁਰੱਖਿਅਤ ਨੇ। ਸੜਕ ਸੁਰੱਖਿਆ ਬਲ ਦੇ ਜਵਾਨਾਂ ਵਲੋਂ ਮੌਕੇ 'ਤੇ ਪਹੁੰਚ ਕੇ ਸੜਕ ਨੂੰ ਸਾਫ ਕੀਤਾ ਜਾ ਰਿਹਾ ਏ।